**ਰਾਗੁ ਰਾਮਕਲੀ ਮਹਲਾ ੫ ਪੜਤਾਲ ਘਰੁ ੩ ੴ ਸਤਿਗੁਰ ਪ੍ਰਸਾਦਿ ॥ ਨਰਨਰਹ ਨਮਸਕਾਰੰ ॥ ਜਲਨ ਥਲਨ ਬਸੁਧ ਗਗਨ ਏਕ ਏਕੰਕਾਰੰ ॥੧॥ ਰਹਾਉ ॥ ਹਰਨ ਧਰਨ ਪੁਨ ਪੁਨਹ ਕਰਨ ॥ ਨਹ ਗਿਰਹ ਨਿਰੰਹਾਰੰ ॥੧॥ ਗੰਭੀਰ ਧੀਰ ਨਾਮ ਹੀਰ ਊਚ ਮੂਚ ਅਪਾਰੰ ॥ ਕਰਨ ਕੇਲ ਗੁਣ ਅਮੋਲ ਨਾਨਕ ਬਲਿਹਾਰੰ ॥੨॥੧॥੫੯॥ {ਪੰਨਾ 901}**

ਪਦਅਰਥ:- ਨਰਨਰਹ—ਨਰਾਂ ਵਿਚੋਂ ਸ੍ਰੇਸ਼ਟ ਨਰ, ਪਰਮਾਤਮਾ। ਜਲਨ—ਜਲਾਂ ਵਿਚ। ਥਲਨ—ਥਲਾਂ ਵਿਚ। ਬਸੁਧ—ਧਰਤੀ ਵਿਚ। ਗਗਨ—ਆਕਾਸ਼ ਵਿਚ। ਏਕੰਕਾਰੰ—ਸਰਬ-ਵਿਆਪਕ ਪ੍ਰਭੂ।1। ਰਹਾਉ।

ਹਰਨ—ਨਾਸ ਕਰਨ ਵਾਲਾ। ਧਰਨ—ਪਾਲਣ ਵਾਲਾ। ਪੁਨ ਪੁਨਹ—ਮੁੜ ਮੁੜ। ਕਰਨ—ਪੈਦਾ ਕਰਨ ਵਾਲਾ। ਗਿਰਹ—ਗ੍ਰਿਹ, ਘਰ। ਨਿਰੰਹਾਰੰ—ਨਿਰ-ਅਹਾਰੰ, ਖ਼ੁਰਾਕ ਤੋਂ ਬਿਨਾ।1।

ਗੰਭੀਰ—ਡੂੰਘਾ। ਧੀਰ—ਵੱਡੇ ਜਿਗਰੇ ਵਾਲਾ। ਹੀਰ—ਬਹੁ-ਮੁੱਲਾ। ਮੂਚ—ਵੱਡਾ। ਕਰਨ ਕੇਲ—ਕੌਤਕ ਕਰਨ ਵਾਲਾ। ਅਮੋਲ—ਜਿਸ ਦਾ ਮੁੱਲ ਨਾਹ ਪਾਇਆ ਜਾ ਸਕੇ। ਬਲਿਹਾਰੰ—ਸਦਕੇ, ਕੁਰਬਾਨ।2।

ਅਰਥ:- ਹੇ ਭਾਈ! ਸਦਾ ਪਰਮਾਤਮਾ ਨੂੰ ਨਮਸਕਾਰ ਕਰਦੇ ਰਹੋ। ਉਹ ਇੱਕ ਸਰਬ-ਵਿਆਪਕ ਪਰਮਾਤਮਾ ਜਲਾਂ ਵਿਚ ਮੌਜੂਦ ਹੈ, ਥਲਾਂ ਵਿਚ ਹੈ, ਧਰਤੀ ਵਿਚ ਹੈ, ਤੇ ਆਕਾਸ਼ ਵਿਚ ਹੈ।1। ਰਹਾਉ।

ਹੇ ਭਾਈ! ਪਰਮਾਤਮਾ ਸਭ ਦਾ ਨਾਸ ਕਰਨ ਵਾਲਾ ਹੈ, ਉਹੀ ਸਭ ਦਾ ਪਾਲਣ ਵਾਲਾ ਹੈ, ਉਹੀ ਜੀਵਾਂ ਨੂੰ ਮੁੜ ਮੁੜ ਪੈਦਾ ਕਰਨ ਵਾਲਾ ਹੈ। ਉਸ ਦਾ ਕੋਈ ਖ਼ਾਸ ਘਰ ਨਹੀਂ, ਉਸ ਨੂੰ ਕਿਸੇ ਖ਼ੁਰਾਕ ਦੀ ਲੋੜ ਨਹੀਂ।1।

ਹੇ ਭਾਈ! ਪਰਮਾਤਮਾ (ਮਾਨੋ) ਡੂੰਘਾ (ਸਮੁੰਦਰ) ਹੈ, ਵੱਡੇ ਜਿਗਰੇ ਵਾਲਾ ਹੈ, ਉਸ ਦਾ ਨਾਮ ਬਹੁ-ਮੁੱਲਾ ਹੈ। ਉਹ ਪਰਮਾਤਮਾ ਸਭ ਤੋਂ ਉੱਚਾ ਹੈ, ਸਭ ਤੋਂ ਵੱਡਾ ਹੈ, ਬੇਅੰਤ ਹੈ। ਉਹ ਸਭ ਕੌਤਕ ਕਰਨ ਵਾਲਾ ਹੈ, ਅਮੁੱਲ ਗੁਣਾਂ ਦਾ ਮਾਲਕ ਹੈ। ਹੇ ਨਾਨਕ! ਉਸ ਤੋਂ ਕੁਰਬਾਨ ਜਾਣਾ ਚਾਹੀਦਾ ਹੈ।2।1। 59।